# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times   18 ਫਰਵਰੀ 2026 ਦਿਨ ਬੁੱਧਵਾਰ   ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਜੀ.ਐਸ.ਐਸ.ਐਸ ਰੱਤੀਰੋੜੀ ਡੱਗੋ ਰੋਮਾਣਾ ਵਿੱਚ "ਬੈਸਟ ਆਊਟ ਆਫ ਵੇਸਟ" ਸਕਿਲਿੰਗ ਵਰਕਸ਼ਾਪ ਦਾ ਸਫਲ ਆਯੋਜਨ

ਵਰਲਡ ਪੰਜਾਬੀ ਟਾਈਮਜ਼
ਸ਼ਿਵਨਾਥ



ਫ਼ਰੀਦਕੋਟ 18 ਫਰਵਰੀ : ਅੱਜ ਵਿਦਿਆਰਥੀਆਂ ਵਿੱਚ ਰਚਨਾਤਮਕਤਾ ਅਤੇ ਪਰਿਆਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ "ਬੈਸਟ ਆਉਟ ਆਫ ਵੇਸਟ" ਵਿਸ਼ੇ 'ਤੇ ਇੱਕ ਸਕਿਲਿੰਗ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਬੱਚਿਆਂ ਨੂੰ ਕੂੜੇ-ਕਰਕਟ ਦੀ ਦੁਬਾਰਾ ਵਰਤੋਂ ਕਰਕੇ ਉਸਨੂੰ ਲਾਭਕਾਰੀ ਅਤੇ ਸਜਾਵਟੀ ਵਸਤੂਆਂ ਵਿੱਚ ਤਬਦੀਲ ਕਰਨ ਦੀ ਪ੍ਰੇਰਣਾ ਦੇਣਾ ਸੀ।

ਵਰਕਸ਼ਾਪ ਦੌਰਾਨ ਵਿਦਿਆਰਥੀਆਂ ਨੂੰ ਦਿਖਾਇਆ ਗਿਆ ਕਿ ਕਿਵੇਂ ਪਲਾਸਟਿਕ ਦੀਆਂ ਬੋਤਲਾਂ, ਪੁਰਾਣੇ ਅਖਬਾਰ, ਕਾਰਡਬੋਰਡ, ਟਿਨ ਦੇ ਡੱਬੇ, ਪੁਰਾਣੇ ਕੱਪੜੇ ਅਤੇ ਹੋਰ ਘਰੇਲੂ ਫ਼ਜ਼ਲ ਸਮੱਗਰੀ ਨੂੰ ਸੁੰਦਰ ਅਤੇ ਉਪਯੋਗੀ ਚੀਜ਼ਾਂ ਵਿੱਚ ਬਦਲਿਆ ਜਾ ਸਕਦਾ ਹੈ। ਬੱਚਿਆਂ ਨੇ ਬੇਕਾਰ ਸਮੱਗਰੀ ਤੋਂ ਪੈਨ-ਸਟੈਂਡ, ਗਮਲੇ, ਵਾਲ-ਹੈਂਗਿੰਗ, ਸਜਾਵਟੀ ਆਈਟਮਾਂ ਅਤੇ ਘਰੇਲੂ ਵਰਤੋਂ ਵਾਲੀਆਂ ਵਸਤੂਆਂ ਤਿਆਰ ਕਰਨ ਦੀ ਪ੍ਰਕਿਰਿਆ ਸਿੱਖੀ।

ਇਸ ਮੌਕੇ 'ਤੇ ਪ੍ਰਿੰਸੀਪਲ ਸ੍ਰੀਮਤੀ ਮਨਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਹੁਨਰ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਪਰਿਵਰਤਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਨੇ ਅਧਿਆਪਕ ਵਰਗ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸਰਾਹਨਾ ਕੀਤੀ।

ਇਹ ਵਰਕਸ਼ਾਪ ਸਕੂਲ ਦੀ ਅਧਿਆਪਕਾ ਸ੍ਰੀਮਤੀ ਪ੍ਰੀਤੀ ਗੋਇਲ ਵੱਲੋਂ ਆਯੋਜਿਤ ਕੀਤੀ ਗਈ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਬਹੁਤ ਹੀ ਰੁਚਿਕਰ ਅਤੇ ਸਹਿਜ ਢੰਗ ਨਾਲ ਬੇਕਾਰ ਸਮੱਗਰੀ ਦੀ ਰਚਨਾਤਮਕ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਬੱਚਿਆਂ ਨੂੰ "ਘਟਾਓ, ਦੁਬਾਰਾ ਵਰਤੋ ਅਤੇ ਰੀਸਾਈਕਲ ਕਰੋ" ਦੇ ਸਿਧਾਂਤ ਅਪਣਾਉਣ ਲਈ ਪ੍ਰੇਰਿਤ ਕੀਤਾ।

ਵਰਕਸ਼ਾਪ ਤੋਂ ਬਾਅਦ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਹਿੱਸਾ ਲੈਂਦੇ ਹੋਏ ਵੱਖ-ਵੱਖ ਨਵੀਂ ਸੋਚ ਵਾਲੀਆਂ ਵਸਤੂਆਂ ਤਿਆਰ ਕੀਤੀਆਂ। ਇਸ ਉਪਰੰਤ ਸਕੂਲ ਵਿੱਚ ਇੱਕ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਬੱਚਿਆਂ ਵੱਲੋਂ ਬਣਾਈਆਂ ਗਈਆਂ ਵਸਤੂਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਪ੍ਰਦਰਸ਼ਨੀ ਨੇ ਦਰਸ਼ਕਾਂ ਨੂੰ ਬੱਚਿਆਂ ਦੀ ਰਚਨਾਤਮਕ ਯੋਗਤਾ ਅਤੇ ਪਰਿਆਵਰਣ ਪ੍ਰਤੀ ਸੰਵੇਦਨਸ਼ੀਲਤਾ ਦਾ ਸ਼ਾਨਦਾਰ ਪ੍ਰਦਰਸ਼ਨ ਦਿਖਾਇਆ।

ਇਸ ਮੌਕੇ 'ਤੇ ਸਕੂਲ ਵੱਲੋਂ ਵਿਸ਼ਵ ਵੈਟਲੈਂਡ ਦਿਵਸ ਵੀ ਮਨਾਇਆ ਗਿਆ। ਵਿਦਿਆਰਥੀਆਂ ਨੂੰ ਵੈਟਲੈਂਡਸ ਦੀ ਮਹੱਤਤਾ ਅਤੇ ਪ੍ਰਕਿਰਤੀਕ ਸੰਤੁਲਨ ਬਣਾਈ ਰੱਖਣ ਵਿੱਚ ਉਨ੍ਹਾਂ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਗਈ। ਜਲ ਸਰੋਤਾਂ ਦੀ ਸੰਭਾਲ ਅਤੇ ਪ੍ਰਕਿਰਤੀ ਦੀ ਰੱਖਿਆ ਲਈ ਸਾਂਝੀ ਜ਼ਿੰਮੇਵਾਰੀ ਨਿਭਾਉਣ ਦਾ ਸੰਦੇਸ਼ ਦਿੱਤਾ ਗਿਆ।

ਇਹ ਵਰਕਸ਼ਾਪ ਵਿਦਿਆਰਥੀਆਂ ਲਈ ਇੱਕ ਪ੍ਰੇਰਣਾਦਾਇਕ ਅਤੇ ਗਿਆਨਵਰਧਕ ਅਨੁਭਵ ਸਾਬਤ ਹੋਈ, ਜਿਸ ਨਾਲ ਉਨ੍ਹਾਂ ਵਿੱਚ ਹੁਨਰ ਵਿਕਾਸ ਦੇ ਨਾਲ-ਨਾਲ ਪਰਿਆਵਰਣ ਸੁਰੱਖਿਆ ਪ੍ਰਤੀ ਜਾਗਰੂਕਤਾ ਵੀ ਵਧੀ।

## ਦੁਕਾਨਦਾਰਾਂ ਦੇ ਮੁੱਦਿਆਂ ਨੂੰ ਤਰਜੀਹੀ ਤੌਰ ਤੇ ਸੁਲਝਾਉਣ ਲਈ ਵਚਨਬੱਧ: ਵਿਧਾਇਕ ਜਗਰੂਪ ਸਿੰਘ ਗਿੱਲ

### ਸੂਬਾ ਸਰਕਾਰ ਵਪਾਰੀ ਵਰਗ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ : ਵਿਧਾਇਕ ਮਾਸਟਰ ਜਗਸੀਰ ਸਿੰਘ

### ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਦੇ ਹਰ ਵਸਨੀਕ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਕੈਸ਼ਲੈੱਸ ਦਿੱਤਾ ਜਾ ਰਿਹਾ ਹੈ ਇਲਾਜ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ

### ਸੂਬਾ ਸਰਕਾਰ ਦੇ ਆਦੇਸ਼ਾਂ ਤੇ ਵਪਾਰੀਆਂ ਦੀਆਂ ਮੁਸਕਲਾਂ ਦਾ ਕੀਤਾ ਜਾ ਰਿਹਾ ਹੈ ਹੱਲ : ਡਿਪਟੀ ਕਮਿਸ਼ਨਰ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ

ਬਠਿੰਡਾ, 18 ਫਰਵਰੀ :ਪੰਜਾਬ ਸਰਕਾਰ ਵੱਲੋਂ ਵਪਾਰੀਆਂ ਸਬੰਧੀ ਮੁੱਦਿਆਂ ਨੂੰ ਤਰਜਹੀ ਤੌਰ 'ਤੇ ਸੁਲਝਾਉਣ ਲਈ ਜ਼ਿਲ੍ਹਾ ਪੱਧਰੀ ਵਪਾਰੀ ਮੀਟਿੰਗ ਦਾ ਆਯੋਜਨ ਸਥਾਨਕ ਗਾਂਧੀ ਮਾਰਕੀਟ ਨੇੜੇ ਰੇਲਵੇ ਸਟੇਸ਼ਨ ਵਿਖੇ ਕੀਤਾ ਗਿਆ। ਇਸ ਬੈਠਕ ਚ ਵੱਖ-ਵੱਖ ਵਪਾਰੀਆਂ ਅਤੇ ਉਨ੍ਹਾਂ ਸਬੰਧੀ ਸੰਗ ਠਨਾਂ ਨੇ ਸ਼ਿਰਕਤ ਕੀਤੀ।




ਇਸ ਮੌਕੇ ਵਪਾਰੀਆਂ ਅਤੇ ਦੁਕਾਨਦਾਰਾਂ ਦੇ ਵੱਢੇ ਇੱਕਠ ਨੂੰ ਸੰਬੋਧਨ ਕਰਦਿਆਂ ਸ਼੍ਰੀ ਜਗਰੂਪ ਸਿੰਘ ਗਿੱਲ ਵਿਧਾਇਕ ਬਠਿੰਡਾ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਅਤੇ ਦੁਕਾਨਦਾਰਾਂ ਦੇ ਮੁੱਦਿਆਂ ਨੂੰ ਤਰਜੀਹੀ ਤੌਰ ਤੇ ਸੁਲਝਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਮੀਟਿੰਗ ਨਿਵੇਕਲੀ ਪਹਿਲ ਹੈ, ਜਿਸ ਵਿੱਚ ਸਰਕਾਰ ਖੁਦ ਲੋਕਾਂ ਦੇ ਵਿਚਕਾਰ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਕੇ ਮੌਕੇ ਉੱਤੇ ਹੀ ਹੱਲ ਕਰ ਰਹੀ ਹੈ।

ਇਸ ਦੌਰਾਨ ਵਿਧਾਇਕ ਭੁੱਚੋ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਸਮੇਂ-ਸਮੇਂ ਤੇ ਪਹਿਲ ਦੇ ਆਧਾਰ ਤੇ ਹੱਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਪਾਰੀ ਵਰਗ ਦੇ ਮੋਢੇ ਨਾਲ ਮੋਢਾ ਜੋੜ ਕੇ ਹਰ ਪਲ ਖੜੀ ਹੈ।

ਵਿਧਾਇਕ ਮੌੜ ਸ਼੍ਰੀ ਸੁਖਵੀਰ ਸਿੰਘ ਮਾਇਸਰਖਾਨਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਹਰ ਇੱਕ ਪੰਜਾਬ ਵਾਸੀ ਨੂੰ ਲੋੜੀਂਦੀਆਂ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਬੇ ਦੇ ਹਰ ਵਸਨੀਕ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਦਿੱਤਾ ਜਾ ਰਿਹਾ ਹੈ। ਇਸ ਯੋਜਨਾ ਵਿੱਚ 2000 ਤੋਂ ਵੱਧ ਬਿਮਾਰੀਆਂ ਅਤੇ ਵੱਡੇ ਆਪਰੇਸ਼ਨ ਕਵਰ ਕੀਤੇ ਗਏ ਹਨ, ਜੋ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਕਰਵਾਏ ਜਾ ਸਕਦੇ ਹਨ।

ਡਿਪਟੀ ਕਮਿਸ਼ਨਰ ਬਠਿੰਡਾ ਸ਼੍ਰੀ ਰਾਜੇਸ਼ ਧੀਮਾਨ ਨੇ ਇਸ ਮੌਕੇ ਬੋਲਦਿਆਂ ਭਰੋਸਾ ਦਵਾਇਆ ਕਿ ਵਪਾਰੀਆਂ ਸਬੰਧੀ ਸਾਰੀਆਂ ਮੁਸ਼ਕਲਾਂ ਨੂੰ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਹੱਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵਪਾਰੀਆਂ ਨਾਲ ਸਬੰਧਿਤ ਸਾਰੇ ਵਿਭਾਗਾਂ ਦੇ ਮੁਖੀ ਮੀਟਿੰਗ 'ਚ ਹਾਜ਼ਰ ਨੇ ਜਿਨ੍ਹਾਂ ਨੂੰ ਸਬੰਧਿਤ ਮੰਗਾਂ ਬਾਰੇ ਜਾਣੂ ਕਰਵਾਇਆ ਗਿਆ ਹੈ।

ਸ਼੍ਰੀਮਤੀ ਪ੍ਰਭਦੀਪ ਕੌਰ ਸਹਾਇਕ ਕਮਿਸ਼ਨਰ ਜੀ.ਐੱਸ.ਟੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਪਾਰੀਆਂ ਲਈ ਵਨ ਟਾਈਮ ਸੈਟਲਮੇਟ ਸਕੀਮ ਸ਼ੁਰੂ ਕੀਤੀ ਹੈ। ਇਸ ਤਹਿਤ ਜੀ.ਐੱਸ.ਟੀ ਤੋਂ ਪਹਿਲਾਂ ਵਾਲੇ ਸਮੇਂ ਦੌਰਾਨ ਲਈ ਬਣਦੀ ਬਕਾਇਆ ਰਕਮ ਜਮ੍ਹਾਂ ਕਰਵਾਉਣ ਲਈ ਸਰਕਾਰ ਵੱਲੋਂ 25 ਫੀਸਦੀ, 50 ਫੀਸਦੀ ਅਤੇ 75 ਫੀਸਦੀ ਛੋਟ ਵੱਖ-ਵੱਖ ਕੈਟਾਗਰੀਆਂ 'ਚ ਦਿੱਤੀ ਗਈ ਹੈ। ਉਨ੍ਹਾਂ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀ ਇਸ ਸਕੀਮ ਦਾ ਲਾਹਾ ਲੈਣ। ਨਾਲ ਹੀ ਉਨ੍ਹਾਂ ਕਿਹਾ ਕਿ ਵਪਾਰੀ ਨਿਯਮਾਂ ਅਨੁਸਾਰ ਆਪਣੀ ਜੀ.ਐੱਸ.ਟੀ. ਰਿਟਰਨ ਹਰ ਮਹੀਨੇ ਭਰਨ। ਉਨ੍ਹਾਂ ਕਿਹਾ ਕਿ ਕਿਸੇ ਵੀ ਵਪਾਰੀ ਨੂੰ ਇਸ ਸਬੰਧੀ ਸਮੱਸਿਆ ਆਉਂਦੀ ਹੈ ਤਾਂ ਉਹ ਜੀ.ਐੱਸ.ਟੀ. ਦਫ਼ਤਰ ਨਾਲ ਸੰਪਰਕ ਜ਼ਰੂਰ ਕਰਨ।

ਇਸ ਮੌਕੇ ਚੇਅਰਮੈਨ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਸ਼੍ਰੀ ਅਨਿਲ ਠਾਕੁਰ, ਚੇਅਰਮੈਨ, ਸ਼ੂਗਰਫੈੱਡ ਐਡਵੋਕੇਟ ਨਵਦੀਪ ਸਿੰਘ ਜੀਦਾ, ਚੇਅਰਮੈਨ ਕੇਂਦਰੀ ਸਹਿਕਾਰਤਾ ਬੈਂਕ ਸ਼੍ਰੀ ਅਮਰਦੀਪ ਸਿੰਘ ਰਾਜਨ ਬਠਿੰਡਾ, ਹਲਕਾ ਇੰਚਾਰਜ ਬਠਿੰਡਾ ਦਿਹਾਤੀ ਸ਼੍ਰੀ ਜਸਵਿੰਦਰ ਸਿੰਘ ਸ਼ਿੰਦਾ, ਚੇਅਰਮੈਨ ਮਾਰਕੀਟ ਕਮੇਟੀ ਬਠਿੰਡਾ ਬਲਜੀਤ ਸਿੰਘ ਬੱਲੀ, ਡਾ. ਤਰਸੇਮ ਗਰਗ ਸਟੇਟ ਸਕੱਤਰ ਮਾਲਵਾ ਪੱਛਮੀ, ਸ਼੍ਰੀ ਵਿਕਰਮ ਲਵਲੀ ਚੇਅਰਮੈਨ ਕਰ ਅਤੇ ਆਬਕਾਰੀ ਵਿਭਾਗ ਕਮੇਟੀ, ਵਧੀਕ ਡਿਪਟੀ ਕਮਿਸਨਰ ਜਨਰਲ ਮੈਡਮ ਪੂਨਮ ਸਿੰਘ, ਉੱਪ ਮੰਡਲ ਮਜਿਸਟ੍ਰੇਟ ਬਠਿੰਡਾ ਸ਼੍ਰੀ ਬਲਕਰਨ ਸਿੰਘ, ਸ਼੍ਰੀ ਜਗਦੀਸ਼ ਬਿਸ਼ਨੋਈ ਐਸ.ਪੀ. (ਹੈਡਕੁਆਰਟਰ) ਬਠਿੰਡਾ, ਸ਼੍ਰੀ ਹਰਪਾਲ ਸਿੰਘ ਖੁਰਮੀ, ਹਾਜ਼ਰ ਸਨ।

ਇਸ ਮੌਕੇ ਸਟੇਜ ਸੰਚਾਲਨ ਦੀ ਭੂਮਿਕਾ ਸ਼੍ਰੀ ਵਿਕਰਮ ਲਵਲੀ ਨੇ ਅਦਾ ਕੀਤੀ।

## ਆਮ ਆਦਮੀਂ ਪਾਰਟੀ ਦੀ ਸਰਪੰਚ ਸਤਵੀਰ ਕੌਰ ਸਿੱਧੂ ਦੀ ਜਮਾਨਤ ਰੱਦ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ

ਬਠਿੰਡਾ, 18 ਫ਼ਰਵਰੀ : ਮਾਨਯੋਗ ਜਿਲ੍ਹਾ ਅਦਾਲਤ ਬਠਿੰਡਾ ਨੇ ਬਹੁ ਚਰਚਿਤ ਆਮ ਆਦਮੀ ਪਾਰਟੀ ਦੀ ਸਾਬਕਾ ਜ਼ਿਲ੍ਹਾ ਪ੍ਰਧਾਨ ਅਤੇ ਮੌਜੂਦਾ ਸਰਪੰਚ ਸਤਵੀਰ ਕੌਰ ਸਿੱਧੂ ਦੀ ਅਗਾਊ ਜਮਾਨਤ ਰੱਦ ਕਰ ਦਿੱਤੀ ਹੈ , ਵਰਣਨ ਯੋਗ ਹੈ ਕਿ ਸ਼ਿਕਾਇਤ ਕਰਤਾ ਜਤਿੰਦਰ ਸਿੰਘ ਵਾਸੀ ਪਿੰਡ ਭਗਵਾਨਗੜ੍ਹ ਜਿਲ੍ਹਾ ਬਠਿੰਡਾ ਦੀ ਸ਼ਿਕਾਇਤ ਤੇ ਉਕਤ ਸਰਪੰਚ ਸਤਵੀਰ ਕੌਰ ਸਿੱਧੂ ਪਿੰਡ ਕਾਲਝਰਾਣੀ ਜਿਲ੍ਹਾ ਬਠਿੰਡਾ ਦੇ ਖਿਲਾਫ ਮੁਕੱਦਮਾ ਨੰਬਰ 02 , 25/01/2026 ਅਧੀਨ ਧਾਰਾ 7A ਪੀਸੀ ਐਕਟ ਤਹਿਤ ਥਾਣਾ ਵਿਜੀਲੈਂਸ ਬਿਊਰੋ ਬਠਿੰਡਾ ਵਿਖੇ ਦਰਜ ਕੀਤਾ ਗਿਆ ਸੀ। ਜਿਸ ਤਹਿਤ ਪੀੜ੍ਹਤ ਵੱਲੋਂ ਉਕਤ ਸਰਪੰਚ ਅਤੇ ਇੱਕ ਚੈਅਰਮੈਨ ਉੱਤੇ ਇਹ ਇਲਜ਼ਾਮ ਲਗਾਏ ਸਨ ਕਿ ਉਸਨੂੰ ਡਰਾਇਵਰ ਦੇ ਤੌਰ ਤੇ ਨਿਯੁਕਤ ਕਰਵਾਉਣ ਦੇ ਏਵਜ ਚ ਆਮ ਆਦਮੀ ਨਾਲ ਸਬੰਧਤ ਇਹਨਾਂ ਆਗੂਆਂ ਵੱਲੋਂ ਹਰੇਕ ਮਹੀਨੇ ਉਸਦੀ ਤਨਖਾਹ ਚੋਂ ਵੱਡੀ ਹਿੱਸੇਦਾਰੀ ਮੰਗੀ ਗਈ ਸੀ।ਅੱਜ ਮਾਣਯੋਗ ਅਦਾਲਤ ਵਿਖੇ ਕਥਿਤ ਦੋਸ਼ਣ ਸਤਵੀਰ ਕੌਰ ਦੇ ਵਕੀਲਾਂ ਨੇ ਪੇਸ਼ ਹੋ ਕੇ ਦਲੀਲਾਂ ਪੇਸ਼ ਕੀਤੀਆਂ ਕਿ ਸਤਵੀਰ ਕੌਰ ਨੇ ਪੀੜਤ ਜਤਿੰਦਰ ਸਿੰਘ ਤੋਂ ਤਨਖਾਹ ਵਿੱਚੋਂ ਰਿਸ਼ਵਤ ਤੌਰ ਤੇ ਹਿੱਸਾ ਨਹੀਂ ਮੰਗਿਆ ਬਲਕਿ ਉਹ ਆਪਣੇ 1, 30,000/- ਦੇ ਕਰਜੇ ਦੀ ਕਿਸਤ ਦੀ ਮੰਗ ਕਰ ਰਹੀ ਸੀ ਇਸ ਤੋਂ ਇਲਾਵਾ ਉਹਨਾਂ ਨੇ ਦਲੀਲ ਪੇਸ਼ ਕੀਤੀ ਕਿ ਪੀੜਿਤ ਨੇ ਅਰਜੀ 19 /12/2023 ਨੂੰ ਦਿੱਤੀ ਸੀ ਅਤੇ ਮੁਕੱਦਮਾ 25 / 01/2026 ਨੂੰ ਕਾਫੀ ਦੇਰ ਬਾਅਦ ਦਰਜ ਹੋਇਆ ਹੈ। ਪੀੜਤ ਜਤਿੰਦਰ ਸਿੰਘ ਸੋਹਲ ਦੇ ਵਕੀਲ ਅੰਗਰੇਜ ਸਿੰਘ ਸੋਹਲ ਨੇ ਮਾਨਯੋਗ ਅਦਾਲਤ ਵਿੱਚ ਦਲੀਲ ਪੇਸ਼ ਕੀਤੀ ਕਿ ਕਿਓਕਿ ਦੋਸ਼ਣ ਸਤਵੀਰ ਕੌਰ ਸਿੱਧੂ ਸੱਤਾ ਧਿਰ ਪਾਰਟੀ ਵਿੱਚ ਕਾਫੀ ਉੱਪਰ ਤੱਕ ਪਹੁੰਚ ਰੱਖਦੀ ਹੈ ਅਤੇ ਵਿਜੀਲੈਂਸ ਵਿਭਾਗ ਉੱਪਰ ਉਸ ਦਾ ਕਾਫੀ ਦਬਾਅ ਸੀ ਜਿਸ ਕਾਰਨ ਪੀੜਿਤ ਨੂੰ ਮਾਨਯੋਗ ਹਾਈਕੋਰਟ ਤੱਕ ਪਹੁੰਚ ਕਰਨੀ ਪਈ , ਜਿਸ ਤੋਂ ਬਾਅਦ ਵਿਜੀਲੈਂਸ ਬਿਊਰੋ ਬਠਿੰਡਾ ਨੇ 25/01/2026 ਨੂੰ ਸਤਵੀਰ ਕੌਰ ਸਿੱਧੂ ਤੇ ਪਰਚਾ ਦਰਜ ਕੀਤਾ ਹੈ। ਜਦ ਕਿ ਚੇਅਰਮੈਨ ਰਕੇਸ਼ ਪੁਰੀ ਦੇ ਖਿਲਾਫ ਤਫਤੀਸ਼ ਅਜੇ ਬਾਕੀ ਹੈ ਸਤਵੀਰ ਕੌਰ ਸਿੱਧੂ ਵੱਲੋਂ 1,30,000 /- ਰੁਪਏ ਕਰਜ਼ਾ ਦੇਣ ਸੰਬੰਧੀ ਨਾ ਤਾਂ ਕੋਈ ਸਬੂਤ ਮੌਜੂਦ ਹੈ ਅਤੇ ਨਾ ਹੀ ਉਸ ਦੀਆਂ ਆਡੀਓ ਰਿਕਾਰਡਿੰਗਜ ਵਿੱਚ ਅਜਿਹਾ ਕੋਈ ਜ਼ਿਕਰ ਹੈ। ਸਤਵੀਰ ਕੌਰ ਕੋਲੋਂ ਪੀੜਤ ਤੋਂ ਰਿਸ਼ਵਤ ਵਜੋਂ ਪ੍ਰਾਪਤ ਕੀਤੇ 10000/- ਰੁਪਏ ਸਬੰਧੀ ਹਿਰਾਸਤੀ ਪੁੱਛਗਿੱਛ ਬਹੁਤ ਜਰੂਰੀ ਹੈ ਕਿ ਇਹ ਪੈਸੇ ਉਸਨੇ ਅੱਗੋਂ ਕਿੱਥੇ ਕਿਸ ਨੂੰ ਟਰਾਂਸਫਰ ਕੀਤੇ ਅਤੇ ਦੂਜੇ ਕਥਿਤ ਦੋਸ਼ੀ ਚੇਅਰਮੈਨ ਰਕੇਸ਼ ਪੁਰੀ ਨਾਲ ਉਸ ਦਾ ਰਿਸ਼ਵਤ ਸਬੰਧੀ ਕੀ ਲੈਣ ਦੇਣ ਸੀ। ਇਸ ਤੇ ਮਾਨਯੋਗ ਅਦਾਲਤ ਨੇ ਪੀੜਤ ਦੇ ਵਕੀਲ ਅੰਗਰੇਜ਼ ਸਿੰਘ ਸੋਹਲ ਦੀਆਂ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਪਿੰਡ ਕਾਲਝਰਾਣੀ ਜਿਲ੍ਹਾ ਬਠਿੰਡਾ ਦੀ ਸਰਪੰਚ ਸਤਵੀਰ ਕੌਰ ਸਿੱਧੂ ਦੀ ਅੱਜ ਮਿਤੀ 16/02/2026 ਨੂੰ ਅਗਾਊ ਜਮਾਨਤ ਦੀ ਅਰਜ਼ੀ ਰੱਦ ਕਰ ਦਿੱਤੀ ਹੈ।

## ਪੰਜਾਬੀ ਯੂਨੀਵਰਸਿਟੀ ਵਿਖੇ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸੈਮੀਨਾਰ ਆਰੰਭ

### ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਫ਼ਲਸਫ਼ਾ ਮੌਜੂਦਾ ਦੌਰ ਵਿੱਚ ਵੀ ਪ੍ਰਸੰਗਿਕ: ਡਾ. ਜਗਦੀਪ ਸਿੰਘ

ਵਰਲਡ ਪੰਜਾਬੀ ਟਾਈਮਜ਼



ਪਟਿਆਲਾ, 18 ਫਰਵਰੀ : ਪੰਜਾਬੀ ਯੂਨੀਵਰਸਿਟੀ ਦੇ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿਖੇ ਸਥਾਪਿਤ ਗੁਰੂ ਰਵਿਦਾਸ ਚੇਅਰ ਵੱਲੋਂ ਕਰਵਾਇਆ ਜਾ ਰਿਹਾ ਦੋ ਰੋਜ਼ਾ ਰਾਸ਼ਟਰੀ ਸੈਮੀਨਾਰ ਆਰੰਭ ਹੋ ਗਿਆ ਹੈ। ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਇਸ ਸੈਮੀਨਾਰ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤੀ।

ਡਾ. ਜਗਦੀਪ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਗੁਰੂ ਰਵਿਦਾਸ ਜੀ ਦੀ ਬਾਣੀ ਅਤੇ ਫ਼ਲਸਫ਼ੇ ਦੀ ਮੌਜੂਦਾ ਦੌਰ ਵਿੱਚ ਪ੍ਰਸੰਗਿਕਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ 'ਬੇਗਮਪੁਰਾ' ਦੇ ਸੰਕਲਪ ਰਾਹੀਂ ਇੱਕ ਅਜਿਹੇ ਸਮਾਜ ਦੀ ਸਿਰਜਣਾ ਦਾ ਸੁਪਨਾ ਲਿਆ ਸੀ, ਜਿੱਥੇ ਕੋਈ ਦੁੱਖ, ਭੇਦਭਾਵ ਜਾਂ ਬੇਇਨਸਾਫ਼ੀ ਨਾ ਹੋਵੇ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀਆਂ ਦਾ ਫ਼ਰਜ਼ ਹੈ ਕਿ ਉਹ ਅਜਿਹੇ ਸੈਮੀਨਾਰਾਂ ਰਾਹੀਂ ਮਨੁੱਖੀ ਬਰਾਬਰੀ ਅਤੇ ਭਾਈਚਾਰਕ ਸਾਂਝ ਦੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ। ਉਨ੍ਹਾਂ ਵਿਭਾਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਧਰਮ ਵਿਸ਼ੇ ਨਾਲ਼ ਸਬੰਧਤ ਸੈਮੀਨਾਰ ਅਤੇ ਕਾਨਫ਼ਰੰਸਾਂ ਕਰਨੀਆਂ ਖੋਜਾਰਥੀਆਂ ਲਈ ਲਾਹੇਵੰਦ ਸਿੱਧ ਹੋਣਗੀਆਂ। ਉਨ੍ਹਾਂ ਕਿਹਾ ਕਿ ਸਾਰੇ ਧਰਮ ਇਕ ਸੱਚ ਉਤੇ ਅਧਾਰਿਤ ਹੋਣ ਦੇ ਬਾਵਜੂਦ ਵੱਖ-ਵੱਖ ਤਰੀਕਿਆਂ ਨਾਲ਼ ਨੈਤਿਕਤਾ ਅਤੇ ਸਮਾਜਿਕ ਵਿਵਸਥਾ ਨੂੰ ਸਥਾਪਿਤ ਕਰਦੇ ਹਨ। ਇਸ ਸੰਦਰਭ ਵਿਚ ਭਗਤੀ ਲਹਿਰ ਨੇ ਸੰਪੂਰਨ ਜੀਵਨ ਜਿਓਣ ਦੀ ਵਿਧੀ ਵਿਚ ਮਹੱਤਵਪੂਰਨ ਯੋਗਦਾਨ ਦਿੱਤਾ।

ਡਾ. ਜਸਪਾਲ ਕੌਰ ਕਾਂਗ, ਪ੍ਰੋਫੈਸਰ ਆਫ ਐਮੀਨੈਂਸ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਆਪਣੇ ਉਦਘਾਟਨੀ ਭਾਸ਼ਣ ਵਿਚ ਭਗਤ ਰਵਿਦਾਸ ਜੀ ਦੀ ਬਾਣੀ ਨਾਲ ਸਬੰਧਿਤ ਅਧਿਐਨ ਨੂੰ ਜ਼ਰੂਰੀ ਦੱਸਿਆ ਤਾਂ ਕਿ ਸਮਾਜ ਵਿਚ ਜਾਤ ਅਤੇ ਵਰਣ ਦੇ ਅਧਾਰ 'ਤੇ ਕੀਤੇ ਜਾਂਦੇ ਵਖਰੇਵਿਆਂ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਭਾਵੇਂ ਭਗਤੀ ਲਹਿਰ ਇਸਲਾਮਿਕ ਸਭਿਅਤਾ ਦੇ ਪ੍ਰਤੀਰੋਧ ਵਜੋਂ ਪੈਦਾ ਹੋਈ ਪਰ ਇਸਨੇ ਪ੍ਰੇਮ ਭਗਤੀ ਅਤੇ ਭਾਸ਼ਾ ਦੀ ਨਵੀਨਤਾ ਪੈਦਾ ਕੀਤੀ।

ਡਾ. ਗੁਰਪਾਲ ਸਿੰਘ ਸੰਧੂ, ਅਕਾਦਮਿਕ ਮੁਖੀ, ਗੁਰੂ ਨਾਨਕ ਸਿੱਖ ਅਧਿਐਨ ਵਿਭਾਗ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੇ ਆਪਣੇ ਮੁੱਖ-ਸੁਰ ਭਾਸ਼ਣ ਵਿੱਚ ਭਗਤੀ ਲਹਿਰ ਨੂੰ ਪੰਜਾਬ ਦੀ ਗਿਆਨ ਰਵਾਇਤ ਨਾਲ਼ ਜੋੜਦੇ ਹੋਏ ਪੰਜਾਬ ਨੂੰ ਭਗਤੀ ਲਹਿਰ ਦੇ ਪ੍ਰਮੁੱਖ ਸਥਾਨ ਵਜੋਂ ਨਿਰਧਾਰਿਤ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਕਿਹਾ ਕਿ ਭਗਤੀ ਲਹਿਰ ਨੇ ਜਾਤੀ ਦੇ ਸੰਕਲਪ ਨੂੰ ਤੋੜਦੇ ਹੋਏ ਗਿਆਨ ਗ੍ਰੰਥਾਂ ਵਿਚ ਸਥਾਪਿਤ ਵਰਣ ਨੂੰ ਪੁਨਰ ਪ੍ਰਭਾਸ਼ਿਤ ਕਰਨ ਦੀ ਕੋਸ਼ਿਸ਼ ਕੀਤੀ।

ਡਾ. ਗੁਰਮੀਤ ਸਿੰਘ ਸਿੱਧੂ, ਪ੍ਰੋਫ਼ੈਸਰ ਇੰਚਾਰਜ, ਗੁਰੂ ਗੋਬਿੰਦ ਸਿੰਘ ਚੇਅਰ, ਨੇ ਸੈਮੀਨਾਰ ਦੇ ਵਿਸ਼ੇ ਦੀ ਜਾਣ ਪਹਿਚਾਣ ਕਰਵਾਉਂਦਿਆਂ ਕਿਹਾ ਕਿ ਗੁਰੂ ਰਵਿਦਾਸ ਜੀ ਉਪਰ ਪ੍ਰਾਪਤ ਅਕਾਦਮਿਕ ਅਧਿਐਨ ਉਨਾਂ ਦੀ ਬਾਣੀ ਦੇ ਸਮਾਜਿਕ ਅਤੇ ਇਤਿਹਾਸਕ ਪੱਖਾਂ ਨੂੰ ਹੀ ਪ੍ਰਮੁੱਖਤਾ ਨਾਲ ਅਧਿਐਨ ਕਰਦਾ ਹੈ, ਪਰ ਇਹ ਸੈਮੀਨਾਰ ਉਨਾਂ ਦੀ ਬਾਣੀ ਦੀ ਅਧਿਆਤਮਿਕਤਾ ਨੂੰ ਆਪਣੇ ਅਧਿਐਨ ਦਾ ਪ੍ਰਮੁੱਖ ਵਿਸ਼ਾ ਬਣਾਉਂਦਾ ਹੋਇਆ ਉਨਾਂ ਦੀ ਬਾਣੀ ਦੇ ਪ੍ਰਮੁੱਖ ਵਿਸ਼ੇ ਜਿਵੇਂ ਸਮਾਜਿਕ ਬਰਾਬਰੀ ਅਤੇ ਸੁਤੰਤਰਤਾ ਆਦਿ ਵਿਸ਼ਿਆਂ ਨੂੰ ਪਹਿਲ ਦੇ ਆਧਾਰ ਉੱਤੇ ਵਿਚਾਰਨ ਦੀ ਕੋਸ਼ਿਸ਼ ਕਰੇਗਾ।

ਡਾ. ਤੇਜਿੰਦਰ ਕੌਰ ਧਾਲੀਵਾਲ, ਇੰਚਾਰਜ, ਗੁਰੂ ਰਵਿਦਾਸ ਚੇਅਰ ਅਤੇ ਮੁਖੀ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ, ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਡਾ. ਜਸਵਿੰਦਰ ਸਿੰਘ, ਅਸਿਸਟੈਂਟ ਪ੍ਰੋਫ਼ੈਸਰ, ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ, ਨੇ ਸਭ ਦਾ ਰਸਮੀ ਤੌਰ 'ਤੇ ਧੰਨਵਾਦ ਕੀਤਾ। ਇਸ ਸੈਸ਼ਨ ਦੌਰਾਨ ਮੰਚ ਸੰਚਾਲਨ ਡਾ. ਗੁਰਮੇਲ ਸਿੰਘ ਨੇ ਕੀਤਾ।

ਇਸ ਸੈਮੀਨਾਰ ਵਿਚ ਦੋ ਅਕਾਦਮਿਕ ਸੈਸ਼ਨ ਹੋਏ, ਜਿਨ੍ਹਾਂ ਵਿਚ ਦਰਜਨ ਦੇ ਕਰੀਬ ਖੋਜ ਪਰਚੇ ਪੇਸ਼ ਕੀਤੇ ਗਏ। ਇਨ੍ਹਾਂ ਵਿਚ ਮੁੱਖ ਤੌਰ 'ਤੇ ਡਾ.ਪ੍ਰਦੀਪ ਕੌਰ, ਡਾ.ਰਸਵਿੰਦਰ ਸਿੰਘ, ਡਾ.ਗੁਰਦੀਪ ਸਿੰਘ ਅਤੇ ਹੋਰ ਵਿਦਵਾਨਾਂ ਵਲੋਂ ਖੋਜ ਪਰਚੇ ਪੇਸ਼ ਕੀਤੇ ਗਏ। ਇਨ੍ਹਾਂ ਸੈਸ਼ਨਾਂ ਦੀ ਪ੍ਰਧਾਨਗੀ ਡਾ.ਜਗਜੀਵਨ ਸਿੰਘ ਅਤੇ ਡਾ.ਗੁਰਮੀਤ ਸਿੰਘ ਸਿੱਧੂ ਵਲੋਂ ਕੀਤੀ।

## ਪੀ.ਏ.ਯੂ. ਵਿਖੇ ਅੰਤਰ ਕਾਲਜ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ 18 ਫਰਵਰੀ : ਬੀਤੇ ਦਿਨੀਂ ਪੀ.ਏ.ਯੂ. ਦੇ ਖੇਡ ਮੈਦਾਨਾਂ ਵਿਖੇ ਕਾਲਜਾਂ ਦਾ ਅੰਤਰ ਕਾਲਜ ਕਬੱਡੀ ਟੂਰਨਾਮੈਂਟ ਆਯੋਜਿਤ ਕੀਤਾ ਗਿਆ| ਇਸ ਚਾਰ ਦਿਨਾਂ ਟੂਰਨਾਮੈਂਟ ਵਿਚ ਯੂਨੀਵਰਸਿਟੀ ਦੇ ਸੰਬੰਧਿਤ ਕਾਲਜਾਂ ਦੀਆਂ ਟੀਮਾਂ ਨੇ ਹਿੱਸਾ ਲਿਆ| ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਇਨਾਮ ਵੰਡ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ| ਉਹਨਾਂ ਨਾਲ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਨਿਰਮਲ ਜੌੜਾ ਅਤੇ ਸੰਯੁਕਤ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਕਮਲਜੀਤ ਸਿੰਘ ਸੂਰੀ ਵੀ ਸ਼ਾਮਿਲ ਸਨ|

ਇਸ ਟੂਰਨਾਮੈਂਟ ਵਿਚ ਖੇਤੀਬਾੜੀ ਕਾਲਜ ਦੀ ਟੀਮ ਜੇਤੂ ਰਹੀ| ਦੂਸਰਾ ਸਥਾਨ ਖੇਤੀਬਾੜੀ ਕਾਲਜ ਬੱਲੋਵਾਲ ਸੌਂਖੜੀ ਨੂੰ ਅਤੇ ਤੀਸਰਾ ਸਥਾਨ ਖੇਤੀ ਇੰਜਨੀਅਰਿੰਗ ਕਾਲਜ ਦੀ ਟੀਮ ਨੂੰ ਮਿਲਿਆ| ਕਬੱਡੀ ਕਮੇਟੀ ਦੇ ਸਕੱਤਰ ਸ਼੍ਰੀ ਅਜੇ ਸ਼ਰਮਾ ਨੇ ਅੰਤ ਵਿਚ ਸਭ ਦਾ ਧੰਨਵਾਦ ਕੀਤਾ|